# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**14:30**

**ਮਿਤੀ : 01-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੰਤ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਜਲੰਧਰ ਦੇ ਦੌਰੇ 'ਤੇ ਹੋਣਗੇ। ਅਧਿਕਾਰਤ ਹਲਕਿਆਂ ਮੁਤਾਬਕ, ਸ਼੍ਰੀ ਮੋਦੀ ਜਲੰਧਰ ਨੇੜੇ ਡੇਰਾ-ਸੱਚਖੰਡ ਬੱਲਾਂ ਆਉਣਗੇ ਤੇ ਇਸ ਮੌਕੇ ਗੁਰੂ ਰਵਿਦਾਸ ਜੀ ਨੂੰ ਨਮਨ ਕਰਨ ਲਈ ਕਰਾਏ ਜਾ ਰਹੇ, ਇੱਕ ਜਨਤਕ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ। ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ, ਵੱਡੇ ਪੱਧਰ 'ਤੇ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ। ਪ੍ਰਧਾਨ ਮੰਤਰੀ ਜਲੰਧਰ ਨੇੜੇ ਆਦਮਪੁਰ ਹਵਾਈ ਅੱਡੇ ਵਿਖੇ ਉਤਰਨਗੇ ਤੇ ਫਿਰ ਆਦਮਪੁਰ ਹਵਾਈ ਅੱਡੇ ਦਾ ਨਵਾਂ ਨਾਂ 'ਸ਼੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ ਆਦਮਪੁਰ' ਰੱਖਣਗੇ। ਸਾਡੇ ਪੱਤਰਕਾਰ ਨੇ ਦਸਿਆ ਕਿ ਆਦਮਪੁਰ ਹਵਾਈ ਅੱਡੇ ਦਾ ਨਾਂ ਬਦਲ ਕੇ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਰੱਖਣਾ, ਉਨ੍ਹਾਂ ਨੂੰ ਸ਼ਰਧਾਂਜਲੀ ਏ। ਓਹਨਾ ਦੀਆਂ

ਬਰਾਬਰੀ, ਦਇਆ ਤੇ ਮਾਨਵ ਸਨਮਾਨ ਦੀਆਂ ਸਿਖਿਆਵਾਂ, ਭਾਰਤ ਦੀਆਂ ਸਮਾਜਕ ਕਦਰਾਂ-ਕੀਮਤਾਂ ਨੂੰ ਨਿਰੰਤਰ ਪ੍ਰੇਰਿਤ ਕਰਦੀਆਂ ਰਹਿੰਦੀਆਂ ਨੇ। ਡੇਰਾ ਸੱਚ ਖੰਡ, ਜਲੰਧਰ ਨੇੜੇ ਬੱਲਾਂ ਪਿੰਡ ਵਿੱਚ ਸਥਿਤ ਇੱਕ ਧਾਰਮਿਕ ਸਮਾਜਿਕ ਸੰਸਥਾ ਏ, ਜਿਸਦੀ ਸਥਾਪਨਾ ਗੁਰੂ ਰਵਿਦਾਸ ਦੇ ਸ਼ਰਧਾਲੂਆਂ ਵੱਲੋਂ ਆਮ ਲੋਕਾਂ ਨੂੰ ਅਧਿਆਤਮਿਕ ਮਾਰਗ ਵੱਲ ਲੈ ਜਾਣ ਲਈ ਕੀਤੀ ਗਈ ਸੀ। ਆਪਣੇ ਦੌਰੇ ਦੌਰਾਨ, ਪ੍ਰਧਾਨ ਮੰਤਰੀ ਲੁਧਿਆਣਾ ਵਿੱਚ, ਹਲਵਾਰਾ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦਾ ਵਰਚੁਅਲੀ ਉਦਘਾਟਨ ਵੀ ਕਰਨਗੇ। ਇਹ ਹਵਾਈ ਅੱਡਾ ਸੂਬੇ ਲਈ, ਖਾਸ ਕਰਕੇ ਲੁਧਿਆਣਾ ਸਨਅਤ ਲਈ ਇੱਕ ਨਵਾਂ ਪ੍ਰਵੇਸ਼ ਦੁਆਰ ਖੋਲ੍ਹੇਗਾ।

---------------------------------------------------

ਸੰਤ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਅੱਜ ਦੇਸ਼ ਭਰ ਵਿੱਚ ਮਨਾਇਆ ਜਾ ਰਿਹਾ ਏ। ਉਹ 14ਵੀਂ ਸਦੀ ਦੇ ਸੰਤ ਅਤੇ ਉੱਤਰੀ ਭਾਰਤ ਵਿੱਚ ਭਗਤੀ ਲਹਿਰ ਦੇ ਸੰਸਥਾਪਕ ਸਨ। ਇਹ ਦਿਨ ਹਿੰਦੂ ਕੈਲੰਡਰ ਮੁਤਾਬਿਕ ਮਾਘ ਮਹੀਨੇ ਦੀ ਪੂਰਨਮਾਸ਼ੀ ਵਾਲੇ ਦਿਨ ਆਉਂਦਾ ਏ। ਇਸ

ਮੌਕੇ ਸ਼ਰਧਾਲੂ ਵਾਰਾਣਸੀ ਦੇ ਗੋਵਰਧਨਪੁਰ ਸਥਿਤ ਗੁਰੂ ਰਵਿਦਾਸ ਜਨਮ ਅਸਥਾਨ ਮੰਦਰ ਵਿਖੇ ਇਕੱਤਰ ਹੁੰਦੇ ਨੇ ਅਤੇ ਉਨ੍ਹਾਂ ਦਾ ਪ੍ਰਕਾਸ਼ ਪੁਰਬ ਮਨਾਉਂਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਰਵਿਦਾਸ ਇੱਕ ਮਹਾਨ ਸੰਤ ਅਤੇ ਸਮਾਜ ਸੁਧਾਰਕ ਸਨ। ਆਪਣੀਆਂ ਸਿੱਖਿਆਵਾਂ ਰਾਹੀਂ, ਉਨ੍ਹਾਂ ਨੇ ਸਮਾਨਤਾ, ਸਮਾਜਿਕ ਨਿਆਂ ਅਤੇ ਪਿਆਰ ਦਾ ਸੰਦੇਸ਼ ਫੈਲਾਇਆ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸੰਤ ਰਵੀਦਾਸ ਜੀ ਦੇ ਜਨਮ ਦਿਵਸ 'ਤੇ, ਸਾਰੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਮੰਤਰੀ ਨੇ ਕਿਹਾ, ਸੰਤ ਰਵੀਦਾਸ ਨੇ ਇੱਕ ਕਵੀ ਵਜੋਂ ਭਗਤੀ ਲਹਿਰ ਨੂੰ ਅੱਗੇ ਵਧਾਇਆ, ਜਦੋਂ ਕਿ ਇੱਕ ਸਮਾਜ ਸੁਧਾਰਕ ਵਜੋਂ, ਉਨ੍ਹਾਂ ਨੇ ਲੋਕਾਂ ਨੂੰ ਭੇਦਭਾਵ ਰਹਿਤ ਸਮਾਜ ਬਣਾਉਣ ਲਈ ਪ੍ਰੇਰਿਤ ਕੀਤਾ। ਏਧਰ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸੰਤ ਰਵੀਦਾਸ ਜੀ ਦੇ ਜਨਮ ਦਿਵਸ 'ਤੇ, ਸ਼ੁਭ ਕਾਮਨਾਵਾਂ ਦਿਤੀਆਂ ਨੇ।

---

ਨਿਰਮਲਾ ਸੀਤਾਰਮਨ ਦਾ ਬਜਟ ਭਾਸ਼ਣ 2026-27 ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਲੋਕ ਸਭਾ ਵਿੱਚ ਵਿੱਤੀ ਸਾਲ 2026-27 ਲਈ ਬਜਟ ਪੇਸ਼ ਕੀਤਾ। ਇਹ ਉਨ੍ਹਾਂ ਦਾ ਰਿਕਾਰਡ 9ਵਾਂ ਬਜਟ ਏ। ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ਪੁਰਬ ਦਾ ਹਵਾਲਾ ਦਿੰਦੇ ਹੋਏ, ਵਿੱਤ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਸਰਕਾਰ ਨੇ ਹਮੇਸ਼ਾ ਸੁਧਾਰਾਂ ਅਤੇ ਲੋਕਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਏ। ਵਿੱਤ ਮੰਤਰੀ ਨੇ ਕਿਹਾ ਕਿ ਵਿਕਾਸ ਦੇ ਲਾਭ ਹਰੇਕ ਕਿਸਾਨ, ਅਨੁਸੂਚਿਤ ਜਾਤੀ, ਅਨੁਸੂਚਿਤ ਜਨਜਾਤੀ, ਨੌਜਵਾਨ, ਗਰੀਬ ਅਤੇ ਔਰਤਾਂ ਤੱਕ ਪਹੁੰਚਣੇ ਚਾਹੀਦੇ ਨੇ। ਸਰਕਾਰ ਦੀ ਵਚਨਬੱਧਤਾ ਸ਼ੋਸ਼ਿਤ ਅਤੇ ਵਾਂਝੇ ਲੋਕਾਂ 'ਤੇ ਧਿਆਨ ਕੇਂਦਰਿਤ ਕਰਨਾ ਏ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੇਂਦਰੀ ਬਜਟ 2026-2027 ਨੂੰ ਇਤਿਹਾਸਕ ਦੱਸਿਆ ਏ। ਇੱਕ ਵੀਡੀਓ ਸੰਦੇਸ਼ ਵਿੱਚ, ਸ੍ਰੀ ਮੋਦੀ ਨੇ ਕਿਹਾ

BYTE

---------------------------------------------------------------------

ਪੰਜਾਬ ਦੇ ਛੋਟੇ ਅਤੇ ਹਾਸ਼ੀਏ 'ਤੇ ਆਏ ਕਿਸਾਨਾਂ ਲਈ ਖੇਤੀਬਾੜੀ ਨੂੰ ਲਾਭਦਾਇਕ ਧੰਦੇ ਵਜੋਂ ਮੁੜ ਸਥਾਪਿਤ ਕਰਨ ਦੇ ਉਪਰਾਲਿਆਂ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਚੰਡੀਗੜ੍ਹ ਵਿੱਚ ਦੱਖਣੀ ਕੋਰੀਆ ਦੇ ਵਫ਼ਦ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ । ਇਸ ਦੌਰਾਨ ਸਮਾਰਟ ਖੇਤੀ, ਉੱਨਤ ਖੇਤੀ ਮਸ਼ੀਨਰੀ ਅਤੇ ਜੈਵ ਤਕਨਾਲੋਜੀ ਸੈਕਟਰ ਵਿੱਚ ਸਹਿਯੋਗ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਘਟ ਰਹੇ ਖੇਤੀ ਰਕਬੇ ਅਤੇ ਵਿਹਾਰਕਤਾ ਦੇ ਹੱਲ ਲਈ ਦੱਖਣੀ ਕੋਰੀਆ ਦੀ ਤਕਨੀਕੀ ਮੁਹਾਰਤ ਨੂੰ ਅਪਨਾਉਣ ਬਾਰੇ ਗੱਲਬਾਤ ਦੇ ਨਾਲ-ਨਾਲ 13 ਤੋਂ 15 ਮਾਰਚ ਤੱਕ ਮੋਹਾਲੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਡੂੰਘੀ ਉਦਯੋਗਿਕ ਅਤੇ ਨਿਵੇਸ਼ ਭਾਈਵਾਲੀ ਨੂੰ ਵਧਾਉਣ ‘ਤੇ ਵਿਚਾਰ-ਚਰਚਾ ਕੀਤੀ ਗਈ। ਮੁੱਖ ਮੰਤਰੀ ਨੇ ਕਿਹਾ ਕਿ  ਇਸ ਮੀਟਿੰਗ ਦਾ ਮੁੱਖ ਉਦੇਸ਼ ਖੇਤੀਬਾੜੀ ਨੂੰ ਲਾਭਦਾਇਕ ਉੱਦਮ ਬਣਾਉਣ ਲਈ ਪੰਜਾਬ ਅਤੇ ਦੱਖਣੀ

ਕੋਰੀਆ ਵਿਚਕਾਰ ਆਪਸੀ ਸਹਿਯੋਗ ਨੂੰ ਵਧਾਉਣਾ ਏ । ਇਸ ਦੌਰਾਨ ਕੋਈਆ ਦੇ ਵਫ਼ਦ ਨੇ ਪੰਜਾਬ ਦੀ ਅਮੀਰ ਵਿਰਾਸਤ ਅਤੇ ਕੰਮਕਾਜ ਲਈ ਸਾਜ਼ਗਾਰ ਮਾਹੌਲ ਦੀ ਵੀ ਸ਼ਲਾਘਾ ਕੀਤੀ।

----------------------------------------------------

ਪੰਜਾਬ ਦੇ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਅਤੇ ਨਾਭਾ ਜੇਲ੍ਹ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹਾਂ ਵਿੱਚ ਚੱਲ ਰਹੇ ਕਾਰਜਾਂ ਅਤੇ ਕੈਦੀਆਂ ਦੀ ਭਲਾਈ ਦਾ ਜਾਇਜ਼ਾ ਲਿਆ। ਕੇਂਦਰੀ ਜੇਲ੍ਹ ਪਟਿਆਲਾ ਵਿਖੇ, ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਫੈਕਟਰੀ ਦਾ ਦੌਰਾ ਕਰਦਿਆਂ ਬੰਦੀਆਂ ਲਈ ਚਲਾਏ ਜਾ ਰਹੇ ਲੰਬੇ ਸਮੇਂ ਦੇ ਆਈ.ਟੀ.ਆਈ. ਕੋਰਸਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਵਰਕਸ਼ਾਪ ਦਾ ਨਿਰੀਖਣ ਕੀਤਾ ਅਤੇ ਕੈਦੀਆਂ ਤੇ ਅੰਡਰ-ਟਰਾਇਲ ਕੈਦੀਆਂ ਨਾਲ ਸਿਖਲਾਈ ਗਤੀਵਿਧੀਆਂ ਬਾਰੇ ਗੱਲਬਾਤ ਕੀਤੀ। ਜੇਲ੍ਹ ਮੰਤਰੀ ਨੇ ਸਹੂਲਤਾਂ ਅਤੇ ਭਲਾਈ ਉਪਾਵਾਂ ਦੀ ਸਮੀਖਿਆ ਕਰਨ ਲਈ ਜੇਲ੍ਹ ਵਿੱਚ ਮਹਿਲਾ ਵਾਰਡ ਦਾ ਵੀ ਦੌਰਾ ਕੀਤਾ ।

ਲਾਲਜੀਤ ਸਿੰਘ ਭੁੱਲਰ ਨੇ ਕੈਦੀਆਂ ਨੂੰ ਭਵਿੱਖ ਵਿੱਚ ਕਿਸੇ ਵੀ ਗਲਤ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਤੋਂ ਬਚਣ ਦੀ ਸਲਾਹ ਦਿੰਦਿਆਂ ਉਨ੍ਹਾਂ ਦੇ ਮੁੜ ਵਸੇਬੇ ਅਤੇ ਭਵਿੱਖ ਦੀ ਬਿਹਤਰ ਜ਼ਿੰਦਗੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕੇਂਦਰੀ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਅਤੇ ਨਾਭਾ ਜੇਲ੍ਹ ਸੁਪਰਡੈਂਟ ਇੰਦਰਜੀਤ ਸਿੰਘ ਕਾਹਲੋਂ ਨੇ ਜੇਲ੍ਹ ਮੰਤਰੀ ਨੂੰ ਪ੍ਰਸ਼ਾਸਨਿਕ ਉਪਾਵਾਂ, ਸੁਰੱਖਿਆ ਪ੍ਰੋਟੋਕੋਲ ਅਤੇ ਜੇਲ੍ਹ ਸੁਰੱਖਿਆ ਨੂੰ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ।

---------------------------------------------------------------

ਪੰਜਾਬ ਨੇ ਗ੍ਰੀਨ ਸਕੂਲ ਐਵਾਰਡ-2026 ਵਿੱਚ 'ਬਿਹਤਰੀਨ ਸੂਬਾ' ਅਤੇ 'ਬਿਹਤਰੀਨ ਜ਼ਿਲਾ ' ਪੁਰਸਕਾਰ ਜਿਤਿਆ ਏ । ਇਹ ਪੁਰਸਕਾਰ ਨਵੀਂ ਦਿੱਲੀ ਦੇ ਵਿਗਿਆਨ ਤੇ ਵਾਤਾਵਰਨ ਕੇਂਦਰ ਵਲੋਂ ਇੰਡੀਆ ਹੈਬੀਟੇਟ ਸੈਂਟਰ ਵਿਖੇ ਦਿੱਤੇ ਗਏ। ਗਰੀਨ ਸਕੂਲ ਪ੍ਰੋਗਰਾਮ ਤਹਿਤ ਇਹ ਐਵਾਰਡ ਪੀ.ਐਸ.ਸੀ.ਐਸ.ਟੀ. ਦੇ ਜੁਆਇੰਟ ਡਾਇਰੈਕਟਰ ਡਾ. ਕੇ.ਐਸ. ਬਾਠ ਨੇ ਨਵੀਂ ਦਿੱਲੀ ਵਿਖੇ ਵਿਗਿਆਨ ਤੇ ਵਾਤਾਵਰਨ ਕੇਂਦਰ ਦੇ ਡਾਇਰੈਕਟਰ ਜਨਰਲ ਸੁਨੀਤਾ ਨਰਾਇਣ ਤੋਂ ਪ੍ਰਾਪਤ ਕੀਤੇ ।

ਜ਼ਿਕਰਯੋਗ ਏ ਕਿ ਪੰਜਾਬ ਨੇ ਲਗਾਤਾਰ ਤੀਜੇ ਸਾਲ ਇਹ ਐਵਾਰਡ ਜਿੱਤੇ ਨੇ , ਜੋ ਸਕੂਲਾਂ ਵਿੱਚ ਵਾਤਾਵਰਣ ਜਾਗਰੂਕਤਾ ਅਤੇ ਪਾਏਦਾਰ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਸੂਬਾ ਸਰਕਾਰ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਏ । ਪੰਜਾਬ ਦੇ ਕੁੱਲ 13 ਹਜ਼ਾਰ 258 ਸਕੂਲ ਗ੍ਰੀਨ ਸਕੂਲ ਪ੍ਰੋਗਰਾਮ ਅਧੀਨ ਰਜਿਸਟਰ ਹੋਏ, ਜਿਨ੍ਹਾਂ ਵਿੱਚੋਂ 6 ਹਜ਼ਾਰ 264 ਸਕੂਲਾਂ ਨੇ ਗ੍ਰੀਨ ਆਡਿਟ ਪ੍ਰਕਿਰਿਆ ਨੂੰ ਪੂਰਾ ਕੀਤਾ। ਦੇਸ਼ ਭਰ ਵਿੱਚ ਆਡਿਟ ਕੀਤੇ ਗਏ । ਦੇਸ਼ ਭਰ ਦੇ 433 ਸਕੂਲਾਂ ਵਿੱਚੋਂ 237 ਸਕੂਲ ਪੰਜਾਬ ਦੇ ਨੇ । ਹੁਸ਼ਿਆਰਪੁਰ ਜ਼ਿਲ੍ਹਾ ਦੇਸ਼ ਵਿੱਚ ਸਭ ਤੋਂ ਚੰਗੇ ਪ੍ਰਦਰਸ਼ਨ ਵਾਲੇ ਜ਼ਿਲ੍ਹੇ ਵਜੋਂ ਉਭਰਿਆ ਏ , ਜਿਸ ਵਿੱਚ ਰਿਕਾਰਡ 947 ਸਕੂਲਾਂ ਨੇ ਗ੍ਰੀਨ ਆਡਿਟ ਨੂੰ ਪੂਰਾ ਕੀਤਾ ਏ , ਜੋ ਦੇਸ਼ ਭਰ ਵਿੱਚ ਕਿਸੇ ਵੀ ਜ਼ਿਲ੍ਹੇ ਨਾਲੋਂ ਸਭ ਤੋਂ ਵੱਧ ਏ । ਗ੍ਰੀਨ ਸਕੂਲ ਪ੍ਰੋਗਰਾਮ ਵਿਦਿਆਰਥੀਆਂ ਅਤੇ ਸਕੂਲਾਂ ਨੂੰ ਛੇ ਮੁੱਖ ਵਾਤਾਵਰਣਕ ਖੇਤਰਾਂ - ਹਵਾ, ਊਰਜਾ, ਭੋਜਨ, ਜ਼ਮੀਨ, ਪਾਣੀ ਅਤੇ ਰਹਿੰਦ-ਖੂੰਹਦ - ਵਿੱਚ ਸਰੋਤ ਪ੍ਰਬੰਧਨ ਦਾ ਮੁਲਾਂਕਣ ਅਤੇ ਸੁਧਾਰ ਕਰਨ ਦਾ ਅਧਿਕਾਰ ਦਿੰਦਾ ਏ ,

ਜਿਸ ਨਾਲ ਛੋਟੀ ਉਮਰ ਤੋਂ ਹੀ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਨਾਗਰਿਕਾਂ ਪੈਦਾ ਕਰਨ ਵਿੱਚ ਮਦਦ ਮਿਲਦੀ ਹੈ।

---------------------------------------------------------------